# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 20-07-2024**

ਪੰਜਾਬ ਵਿੱਚ ਖੇਤੀਬਾੜੀ ਨੂੰ ਮੁਨਾਫ਼ਾਬਖ਼ਸ਼ ਬਣਾਉਣ, ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ, ਖੇਤੀਬਾੜੀ ਤੇ ਕਿਸਾਨ ਭਲਾਈ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ, ਕੇਂਦਰੀ ਫੂਡ ਪ੍ਰੋਸੈਸਿੰਗ ਉਦਯੋਗ ਮੰਤਰੀ ਚਿਰਾਗ ਪਾਸਵਾਨ ਨੂੰ ਬਠਿੰਡਾ ਵਿਖੇ ਮੈਗਾ ਫੂਡ ਪਾਰਕ ਸਥਾਪਤ ਕਰਨ ਦੀ ਤਜਵੀਜ਼ ਕੀਤੀ ਏ। ਨਵੀਂ ਦਿੱਲੀ ਵਿਖੇ ਕਲ ਕੇਂਦਰੀ ਮੰਤਰੀ ਨਾਲ ਮੁਲਾਕਾਤ ਦੌਰਾਨ, ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਹ ਮੈਗਾ ਫੂਡ ਪਾਰਕ, ਛੇਤੀ ਖਰਾਬ ਹੋਣ ਵਾਲੀਆਂ ਖੇਤੀ ਉਪਜਾਂ ਤੋਂ, ਪ੍ਰੋਸੈਸਡ ਫੂਡ ਉਤਪਾਦ ਤਿਆਰ ਕਰਕੇ, ਘਰੇਲੂ ਤੇ ਬਰਾਮਦ ਬਾਜ਼ਾਰ ਲਈ ਢੁਕਵਾਂ ਤੇ ਲਾਹੇਵੰਦ ਸਾਬਤ ਹੋਵੇਗਾ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਫੂਡ ਪ੍ਰੋਸੈਸਿੰਗ ਮੰਤਰਾਲੇ ਦੀ ਮੈਗਾ ਫੂਡ ਪਾਰਕ ਯੋਜਨਾ

ਅਧੀਨ ਲੁਧਿਆਣਾ ਜ਼ਿਲ੍ਹੇ ਵਿੱਚ ਲਾਡੋਵਾਲ ਵਿਖੇ, ਸਥਾਪਤ ਮੈਗਾ ਫੂਡ ਪਾਰਕ ਦੀ ਕਾਮਯਾਬੀ ਨੂੰ ਵੇਖਦਿਆਂ ਮਾਲਵੇ ਵਿੱਚ ਇੱਕ ਹੋਰ ਮੈਗਾ ਫੂਡ ਪਾਰਕ ਸਥਾਪਤ ਕੀਤੇ ਜਾਣ ਦੀਆਂ ਵੱਡੀਆਂ ਸੰਭਾਵਨਾਵਾਂ ਨੇ ਅਤੇ ਇਸ ਮੈਗਾ ਫੂਡ ਪਾਰਕ ਦੀ ਸਥਾਪਨਾ ਲਈ, ਸੂਬਾ ਸਰਕਾਰ ਜ਼ਮੀਨ ਮੁਹੱਈਆ ਕਰਵਾਏਗੀ।

--------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 'ਏਕ ਪੇੜ ਮਾਂ ਕੇ ਨਾਮ' ਤਹਿਤ ਦੇਸ਼ ਭਰ ਦੇ ਲੋਕਾਂ ਨੂੰ ਇਸ ਬਰਸਾਤ ਦੇ ਮੌਸਮ ਵਿਚ ਬੂਟੇ ਲਗਾਉਣ ਦਾ ਸਦਾ ਦਿੱਤਾ ਏ। ਸਮਾਜ ਸੇਵੀ ਸੰਸਥਾਵਾਂ, ਵਾਤਾਵਰਨ ਪ੍ਰੇਮੀ ਅਤੇ ਆਮ ਲੋਕ ਇਸ ਮੁਹਿੰਮ ਤੋਂ ਬੇਹੱਦ ਉਤਸ਼ਾਹਤ ਨੇ ਅਤੇ ਵੱਖ ਵੱਖ ਕਿਸਮ ਦੇ ਬੂਟੇ ਵੀ ਲਗਾ ਰਹੇ ਨੇ। ਮੋਹਾਲੀ ਤੋਂ ਹਰਿਆਵਲ ਪੰਜਾਬ ਦੇ ਬ੍ਰਿਜ ਮੋਹਨ ਜੋਸ਼ੀ ਨੇ ਕੀਤੇ ਜਾ ਰਹੇ ਉਪਰਾਲਿਆ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

--------------------------------------------------------

5 ਅਗਸਤ ਤੋਂ ਲੱਗਣ ਵਾਲੇ ਮਾਤਾ ਚਿੰਤਪੁਰਨੀ ਦੇ ਮੇਲੇ ਦੇ ਪ੍ਰਬੰਧਾਂ ਨੂੰ ਲੈ ਕੇ, ਪੰਜਾਬ ਦੇ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ, ਕਲ

ਹੁਸ਼ਿਆਰਪੁਰ ਵਿਚ ਪ੍ਰਸ਼ਾਸਨਿਕ ਅਧਿਕਾਰੀਆਂ, ਲੰਗਰ ਕਮੇਟੀਆਂ ਅਤੇ ਸਮਾਜਿਕ ਸੰਗਠਨਾਂ ਦੇ ਨੁੰਮਾਂਇੰਦਿਆ ਨਾਲ ਇਕ ਮੀਟਿੰਗ ਕੀਤੀ। ਉਨ੍ਹਾਂ ਸਾਰੇ ਵਿਭਾਗਾਂ ਨੂੰ ਕਿਹਾ ਕਿ ਮੇਲੇ ਦੀਆਂ ਤਿਆਰੀਆਂ ਨੂੰ ਲੈ ਕੇ, ਕਿਸੇ ਤਰ੍ਹਾਂ ਦੀ ਕੋਈ ਕਮੀ ਨਹੀਂ ਰਹਿਣੀ ਚਾਹੀਦੀ ਅਤੇ ਲੰਗਰ ਕਮੇਟੀਆਂ ਤੇ ਸਮਾਜਿਕ ਸੰਸਥਾਵਾਂ ਦੇ ਸਹਿਯੋਗ ਦੇ ਬਿਨਾਂ, ਮੇਲੇ ਦੇ ਪ੍ਰਬੰਧਾਂ ਨੂੰ ਸੁਚਾਰੂ ਰੂਪ ਨਾਲ ਨਹੀਂ ਚਲਾਇਆ ਜਾ ਸਕਦਾ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮਾਤਾ ਚਿੰਤਪੁਰਨੀ ਮੇਲੇ ਵਿਚ ਲੰਗਰ ਲਗਾਉਣ ਦੌਰਾਨ, ਸਫ਼ਾਈ ਵਿਵਸਥਾ ਬਰਕਰਾਰ ਰੱਖਣੀ ਵੀ ਯਕੀਨੀ ਬਣਾਈ ਜਾਵੇ, ਤਾਂ ਜੋ ਵਾਤਾਵਰਨ ਦੂਸ਼ਿਤ ਨਾ ਹੋ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਸੰਸਥਾਵਾਂ ਦਾ ਆਪਸੀ ਤਾਲਮੇਲ ਬਹੁਤ ਜ਼ਰੂਰੀ ਏ ਅਤੇ ਸੰਸਥਾਵਾਂ ਨਿਰਵਿਘਨ ਆਵਾਜਾਈ ਲਈ ਸੜਕ ’ਤੇ ਆ ਕੇ ਲੰਗਰ ਨਾ ਵੰਡਣ ਤੇ ਲੰਗਰ ਦੌਰਾਨ ਪਲਾਸਟਿਕ ਦਾ ਪ੍ਰਯੋਗ ਵੀ ਨਾ ਕੀਤਾ ਜਾਵੇ।

---------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਅਤੇ ਪੰਜਾਬ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਬਠਿੰਡਾ ਵਿਖੇ ਸਾਉਣੀ- 2024 ਸੀਜ਼ਨ

ਦੀ ਤੀਜੀ ਅੰਤਰ-ਰਾਜੀ ਨਰਮਾ ਸਲਾਹਕਾਰ ਅਤੇ ਸ੍ਰਵੇਖਣ ਕਮੇਟੀ ਦੀ ਮੀਟਿੰਗ ਦੌਰਾਨ ਬੀ.ਟੀ ਨਰਮੇਂ ਦੀ ਫ਼ਸਲ ਤੇ ਨੁਕਸਾਨਦਾਇਕ ਕੀੜੇ-ਮਕੌੜਿਆਂ ਦੇ ਪ੍ਰਭਾਵ ਦੀ ਸਮੀਖਿਆ ਕੀਤੀ। ਮਗਰੋਂ ਯੂਨੀਵਰਸਿਟੀ ਦੇ ਵਿਗਿਆਨੀਆਂ ਦੀ ਟੀਮ ਨੇ, ਬਠਿੰਡਾ ਤੇ ਮਾਨਸਾ ਦੇ ਵੱਖ-ਵੱਖ ਪਿੰਡਾਂ ਕਟਾਰ ਸਿੰਘ ਵਾਲਾ, ਕੋਟ ਸ਼ਮੀਰ, ਜੀਵਨ ਸਿੰਘ ਵਾਲਾ, ਜੌੜਕੀਆਂ, ਅਤੇ ਟਾਂਡੀਆਂ ਦਾ ਦੌਰਾ ਕੀਤਾ । ਵਾਈਸ-ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਦੱਸਿਆ ਕਿ ਕੁਝ ਖੇਤਾਂ ਵਿੱਚ ਚਿੱਟੀ ਮੱਖੀ ਦਾ ਹਮਲਾ ਦੇਖਣ ਨੂੰ ਮਿਲਿਆ। ਉਨ੍ਹਾਂ ਕਿਸਾਨਾਂ ਨੂੰ ਨਰਮੇਂ ਦੀ ਫ਼ਸਲ ਵਿੱਚ ਚਿੱਟੀ ਮੱਖੀ ਅਤੇ ਗੁਲਾਬੀ ਸੁੰਡੀ ਦਾ ਲਗਾਤਾਰ ਸਰਵੇਖਣ ਕਰਨ ਦੀ ਸਲਾਹ ਦਿੱਤੀ ਅਤੇ ਕਿਹਾ ਕਿ ਜਿਨ੍ਹਾਂ ਕਿਸਾਨਾਂ ਨੇ ਸਿਫ਼ਾਰਸ਼ ਕੀਤੀਆਂ ਕੀਟ-ਨਾਸ਼ਕਾਂ ਦੀ ਸਹੀ ਸਮੇਂ ਤੇ ਵਰਤੋਂ ਕੀਤੀ ਸੀ, ਉਨ੍ਹਾਂ ਦੇ ਖੇਤਾਂ ਵਿੱਚ ਚਿੱਟੀ ਮੱਖੀ ਦਾ ਹਮਲਾ ਬਹੁਤ ਘੱਟ ਏ।

---------------------------------------------------

ਏਧਰ ਫਰੀਦਕੋਟ ਜ਼ਿਲੇ ਦੇ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਦੇ ਦਿਸ਼ਾ ਨਿਰਦੇਸ਼ ਤੇ ਪਿੰਡ ਝੱਖੜਵਾਲਾ ਵਿਖੇ ਕਿਸਾਨ ਮਿਲਣੀ ਦਾ ਆਯੋਜਨ ਕੀਤਾ ਗਿਆ ਜਿਸ ਦੌਰਾਨ ਪਿੰਡ ਦੇ ਕਿਸਾਨਾਂ ਨੂੰ ਫਸਲਾਂ ਸਬੰਧੀ ਮੌਕੇ ਤੇ ਹੀ ਸਬੰਧਤ ਫਸਲ ਬਾਰੇ ਜਾਣਕਾਰੀ ਦਿੱਤੀ ਗਈ। ਖੇਤੀ

ਮਾਹਰ ਡਾ. ਗੁਰਪ੍ਰੀਤ ਸਿੰਘ ਨੇ ਕਿਸਾਨਾਂ ਨੂੰ ਝੋਨੇ ਦੀ ਫਸਲ ਤੇ ਬਿਮਾਰੀਆਂ ਅਤੇ ਕੀੜੇ ਮਕੌੜਿਆ ਦੀ ਰੋਕਥਾਮ ਸਬੰਧੀ ਸਿਫਾਰਸ ਕੀਤੀਆਂ ਦਵਾਇਆਂ ਦੀ ਸਪਰੇ ਸਿਫਾਰਸ਼ ਮਾਤਰਾ ਅਨੁਸਾਰ ਕਰਨ ਸਬੰਧੀ ਪ੍ਰੇਰਿਤ ਕੀਤਾ। ਉਨਾ ਕਿਹਾ ਕਿ ਜਿਨਾਂ ਕਿਸਾਨਾਂ ਨੇ ਝੋਨੇ ਦੀ ਸਿੱਧੀ ਬਿਜਾਈ ਕੀਤੀ ਏ, ਉਹ ਉਸ ਸਬੰਧੀ ਆਪਣੇ ਖੇਤ ਦੀ ਜਾਂਚ ਕਰਵਉਣ ਅਤੇ ਸਰਕਾਰ ਵਲੋਂ ਦਿੱਤੀ ਜਾ ਰਹੀ ਸਬਸਿਡੀ ਦਾ ਲਾਹਾ ਲੈਣ।

---------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਕਿਹਾ ਏ ਕਿ ਆਧਾਰ ਕਾਰਡ ਨੂੰ ਸਮੇਂ ਸਮੇਂ ’ਤੇ ਅੱਪਡੇਟ ਕਰਵਾਉਣਾ ਬਹੁਤ ਜ਼ਰੂਰੀ ਏ, ਨਹੀਂ ਤਾਂ ਜਰੂਰਤ ਸਮੇਂ ਆਧਾਰ ਕਾਰਡ ਅੱਪਡੇਟ ਨਾ ਹੋਣ ਕਾਰਨ ਨਾਗਰਿਕਾਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਸਕਦਾ ਏ। ਇਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਨੀਟ ਜਾਂ ਫੇਰ ਹੋਰ ਦਾਖਲੇ ਦੀਆਂ ਪ੍ਰੀਖਿਆਵਾਂ ਸਮੇਂ ਵਿਦਿਆਰਥੀਆਂ ਵੱਲੋਂ ਆਧਾਰ ਕਾਰਡ ’ਚ ਆਪਣਾ ਬਾਇਓਮੀਟ੍ਰਿਕ ਅੱਪਡੇਟ ਨਾ ਕਰਵਾਉਣ ਕਾਰਨ, ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਪਰੇਸ਼ਾਨੀ ਦਾ

ਸਾਹਮਣਾ ਕਰਨਾ ਪੈਂਦਾ ਏ, ਇਸ ਲਈ ਸਮੇਂ ਸਮੇਂ ’ਤੇ ਆਧਾਰ ਕਾਰਡ ਅੱਪਡੇਟ ਕਰਵਾਇਆ ਜਾਵੇ । ਸ਼ੌਕਤ ਅਹਿਮਦ ਪਰੇ ਨੇ ਕਿਹਾ ਕਿ 5 ਤੋਂ 7 ਸਾਲ ਅਤੇ 15 ਤੋਂ 17 ਸਾਲ ਦੇ ਬੱਚਿਆਂ ਦਾ ਆਧਾਰ ਕਾਰਡ ਮੁਫਤ ਵਿੱਚ ਅੱਪਡੇਟ ਕੀਤਾ ਜਾਂਦਾ ਏ ਅਤੇ ਜੇਕਰ ਕੋਈ ਇਸ ਸਮੇਂ ਦੌਰਾਨ ਆਧਾਰ ਅੱਪਡੇਟ ਨਹੀਂ ਕਰਵਾਉਂਦਾ, ਤਾਂ ਉਸ ਨੂੰ ਬਣਦੀ ਫ਼ੀਸ ਦਾ ਭੁਗਤਾਨ ਕਰਕੇ ਹੀ, ਆਧਾਰ ਅੱਪਡੇਟ ਕਰਵਾਉਣਾ ਪਵੇਗਾ ।